ਦਫ਼ਤਰ ਸਮਗਰਾ ਸਿੱਖਿਆ ਅਭਿਆਨ ਅਥਾਰਟੀ, ਫ਼ਤਹਿਗੜ੍ਹ ਸਾਹਿਬ -ਕਮ -ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), ਫ਼ਤਹਿਗੜ੍ਹ ਸਾਹਿਬ।

ਕਮਰਾ ਨੰ. 412, ਤੀਜੀ ਮੰਜ਼ਿਲ, ਪ੍ਰਬੰਧਕੀ ਕੰਪਲੈਕਸ, ਫ਼ਤਹਿਗੜ੍ਹ ਸਾਹਿਬ, ਈਮੇਲ ssafgsahib@gmail.com

ਵੱਲ

ਮੈਨੇਜਰ/ਪ੍ਰਿੰਸੀਪਲ,
ਅਕਾਲ ਅਕੈਡਮੀ, ਖਮਾਣੋ,
ਜਿਲ੍ਹਾ ਫਤ੍ਹਹਿਗੜ੍ਹ ਸਾਹਿਬ।

ਪੱਤਰ ਨੰ: ਆਰ.ਟੀ.ਈ./ਮਾਨਤਾ/2019/237197 ਮਿਤੀ: 16 /08/2019

ਵਿਸ਼ਾ: **"ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ 2010 ਦੀ ਧਾਰਾ 18 ਦੇ ਮੰਤਵ ਲਈ" ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਸਰਟੀਫ਼ਿਕੇਟ ਦੇਣ ਸਬੰਧੀ।**

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋ ਦਿੱਤੀ ਗਈ ਸਵੈ ਘੋਸ਼ਣਾ ਦੇ ਆਧਾਰ ਤੇ ਉਪਰੋਕਤ ਅਨੁਸਾਰ ਸਕੂਲ/ਸਕੂਲਾਂ ਨੂੰ ਜਮਾਤ ਪਹਿਲੀ ਤੋ ਜਮਾਤ ਅੱਠਵੀ ਤੱਕ ਮਾਨਤਾ ਹੇਠ ਲਿਖੀਆ ਸ਼ਰਤਾ ਦੇ ਅਧਾਰ ਤੇ ਦਿੱਤੀ ਜਾਂਦੀ ਹੈ:-

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ:

1) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ ਘੋਸ਼ਣਾ ਦੇ ਆਧਾਰ ਤੇ ਹੈ, ਜੇਕਰ ਸਵੈ-ਘੋਸ਼ਣਾ ਵਿੱਚ ਦਰਜ਼ ਮੱਦਾਂ ਵਿਚੋ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਬਿਨਾਂ ਨੋਟਿਸ ਦਿੱਤਿਆਂ ਰੱਦ ਕਰ ਦਿੱਤੀ ਜਾਵੇਗੀ ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿੱਚ ਅਠਵੀ ਜਮਾਤ ਤੋ ਅੱਗੇ ਦੀ ਮਾਨਤਾ/ਐਫੀਲੀਏਸ਼ਨ ਤੇ ਲਾਗੂ ਨਹੀ ਹੁੰਦੀ।

3) ਸਕੂਲ ਆਰ.ਟੀ.ਈ. ਐਕਟ , 2009 ਅਧੀਨ ਐਕਟ ਦੀ ਧਾਰਾ 19 ਅਤੇ 25 ਅਨੁਸਾਰ ਬਣੀ ਸਾਰਣੀ ਅਤੇ ਪੰਜਾਬ ਆਰ.ਟੀ.ਈ. ਨਿਯਮ 2011 ਦੇ ਫਾਰਮ II (See sub rule (4) of 11) ਵਿੱਚ ਦਰਜ ਸ਼ਰਤਾਂ ਅਤੇ ਸਕੂਲ ਵੱਲੋਂ ਦਿੱਤੇ ਸਵੈ ਘੋਸ਼ਣਾ ਦੀ ਪਾਲਣਾ ਲਈ ਪ੍ਰਤੀਬੱਧ ਰਹੇਗਾ।

4) ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਤਾ ਪਿਤਾ ਜਾਂ ਉਸੇ ਦੇ ਸਰਪ੍ਰਸਤਾਂ ਨੂੰ ਕਿਸੇ ਛਾਂਟੀ ਪ੍ਰਕਿਰਿਆ ਵਿੱਚ ਨਹੀ ਪਾਏਗਾ।

5) ਸਕੂਲ ਕਿਸੇ ਬੱਚੇ ਨੂੰ ਹੇਠ ਲਿਖੇ ਕਾਰਨਾਂ ਕਰਕੇ ਦਾਖ਼ਲਾ ਦੇਣ ਤੋ ਇਨਕਾਰ ਨਹੀ ਕਰੇਗਾ:

ੳ) ਕਿਸੇ ਬੱਚੇ ਦਾ ਉਮਰ ਦਾ ਸਬੂਤ ਨਾ ਹੋਣਾ।

ਅ) ਕਿਸੇ ਵੀ ਬੱਚੇ ਦੁਆਰਾ ਵਧਾਏ ਗਏ ਸਮੇਂ ਵਿੱਚ ਜਾਂ ਵਧਾਏ ਗਏ ਸਮੇਂ ਤੋ ਬਾਅਦ ਦਾਖ਼ਲਾ ਮੰਗਣਾ ਜਾਂ

ੲ) ਧਰਮ, ਜਾਤ, ਨਸਲ ਜਾਂ ਜਨਮ ਸਥਾਨ ਜਾਂ ਇਹਨਾਂ ਵਿਚੋ ਕਿਸੇ ਵੀ ਕਾਰਨ।

ਸਕੂਲ ਦੀ ਮਾਨਤਾ ਨੂੰ ਬਣਾਏ ਰੱਖਣ ਲਈ ਲੋੜੀਂਦੀਆਂ ਸ਼ਰਤਾਂ ਜਾਂ ਸਕੂਲ ਸੰਚਾਲਣ ਦੀਆਂ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰੇਗਾ।

14) ਸੋਸਾਇਟੀ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ, ਜੇ ਜ਼ਰੂਰੀ ਹੋਵੇ, ਯਕੀਨੀ ਬਣਾਇਆ ਜਾਵੇ।

15) ਇਹ ਮਾਨਤਾ ਸਕੂਲ ਵਲੋਂ ਆਰ.ਟੀ.ਈ ਐਕਟ 2009 ਅਤੇ ਪੰਜਾਬ ਬਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮਾਂ ਅਤੇ ਉਪਬੰਧਾਂ ਦੀ ਪਾਲਣਾ ਤੇ ਆਧਾਰਿਤ ਹੋਵੇਗੀ।

16) ਸਕੂਲ ਦਫ਼ਤਰ ਕੋਲ ਜਮ੍ਹਾ ਕਰਵਾਏ ਬਿਲਡਿੰਗ ਅਤੇ ਫਾਇਰ ਸੇਫਟੀ ਸਰਟੀਫਿਕੇਟਸ ਦੀ ਵੈਧਤਾ ਖਤਮ ਹੋਣ ਉਪਰੰਤ ਉਨ੍ਹਾਂ ਨੂੰ ਰਨੀਊ ਕਰਵਾ ਕੇ ਇਸ ਦਫ਼ਤਰ ਵਿਖੇ ਜਮ੍ਹਾਂ ਕਰਵਾਉਣ ਲਈ ਪਾਬੰਦ ਹੋਵੇਗਾ।

17) ਜੇਕਰ ਨਿਰੀਖਣ ਦੌਰਾਨ ਕਿਸੇ ਵੀ ਸਕੂਲ ਦਾ ਬਿਲਡਿੰਗ ਅਤੇ ਫਾਇਰ ਸੇਫਟੀ ਸਰਟੀਫਿਕੇਟ ਅਵੈਧ ਜਾਂ ਬਿਨ੍ਹਾਂ ਰੀਨੀਊ ਪਾਇਆ ਗਿਆ ਤਾਂ ਉਸ ਸਕੂਲ ਵਿਰੁੱਧ ਨਿਯਮਾਂ ਅਨੁਸਾਰ ਕਰਵਾਈ ਕੀਤੀ ਜਾਵੇਗੀ।

18) ਉਕਤ ਸ਼ਰਤਾਂ ਤੋਂ ਬਿਨ੍ਹਾਂ ਮੁੱਖ ਦਫ਼ਤਰ ਤੋਂ ਜੇ ਕੋਈ ਹੋਰ ਆਰ.ਟੀ.ਈ. ਐਕਟ ਦੇ ਅਧੀਨ ਕੋਈ ਸ਼ਰਤ ਲਗਾਈ ਜਾਂਦੀ ਹੈ ਤਾਂ ਉਹ ਆਪ ਪੂਰਾ ਕਰਨ ਦੇ ਪਾਬੰਦ ਹੋਵੋਗੇ, ਪੂਰੀ ਨਾ ਕਰਨ ਦੀ ਸੂਰਤ ਵਿੱਚ ਆਪ ਦੀ ਮਾਨਤਾ ਰੱਦ ਸਮਝੀ ਜਾਵੇਗੀ।

19) **ਮਾਨਤਾ ਦੇ ਸਬੰਧ ਵਿੱਚ ਨਿਯਮਾਂ ਅਨੁਸਾਰ ਜੋ ਵੀ ਲੋੜੀਂਦੀ ਫੀਸ ਕਿਸੇ ਪੱਧਰ ਤੇ ਭਰਨ ਦੀ ਲੋੜ ਪੈਂਦੀ ਹੈ ਤਾਂ ਆਪ ਉਹ ਫੀਸ ਭਰਨ ਦੇ ਪਾਬੰਧ ਹੋਵੋਗੇ।**

14/8/19

ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
ਫ਼ਤਹਿਗੜ੍ਹ ਸਾਹਿਬ।

ਪਿੱਠ ਅੰਕਣ ਨੰ. ਆਰ.ਟੀ.ਈ./ਮਾਨਤਾ/ 2019/ ਉਕਤ **ਮਿਤੀ 16/08/2019**

ਉਪਰੋਕਤ ਦਾ ਉਤਾਰਾ ਸਬੰਧਤ ਬੀ.ਪੀ.ਈ.ਓ. ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
ਫ਼ਤਹਿਗੜ੍ਹ ਸਾਹਿਬ।